053

# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਤਰਨ ਤਾਰਨ

ਪੱਤਰ ਨੰ: SSA/2013/ RTE-53 ਮਿਤੀ; 31-01-2013

ਵੱਲ:

ਮੈਨੇਜਰ ,
ਸ੍ਰੀ ਗੁਰੂ ਹਰਗੋਬਿੰਦ ਸਾਹਿਬ ਕੌਨਵੈਂਟ ਸਕੂਲ,
ਜਾਮਰਾਏ,
ਬਲਾਕ ਚੋਹਲਾ ਸਾਹਿਬ,(ਤਰਨ ਤਾਰਨ)।

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ,2010 ਦੇ ਨਿਯਮ 15 ਦੇ ਉੱਪ ਨਿਯਮ (4) ਅਧੀਨ, ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦੇ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਆਪਜੀ ਦੀ ਪ੍ਰਤੀ ਬੇਨਤੀ ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਕੌਨਵੈਂਟ ਸਕੂਲ, ਜਾਮਰਾਏ ਬਲਾਕ ਚੋਹਲਾ ਸਾਹਿਬ ਨੂੰ ਜਮਾਤ ਪਹਿਲੀ ਤੋਂ ਜਮਾਤ ਅੱਠਵੀਂ ਤੱਕ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 ਦੇ ਨਿਯਮ ਦੇ ਉੱਪ-ਨਿਯਮ (4) ਅਧੀਨ,ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਤਹਿਤ ਮਾਨਤਾ ਦਿੱਤੀ ਜਾਂਦੀ ਹੈ:-

ਉਪਰੋਕਤ ਮਾਨਤਾ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਦੀ ਮਾਨਤਾ / ਸਬੰਧਕਰਨ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ -1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 (ਸਾਰਣੀ -2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਵਿੱਚ ਜੋ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।
4. ਸਕੂਲ ਦੇ ਪੈਰਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉੱਪ ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ ਸਕੂਲ ਕੋਈ ਕੰਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪਲੱਸ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-
   ੳ. ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।

   ਅ. ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।

   ੲ. ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ।

   ਸ. ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 25